# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 17-04-2025**

ਕੇਂਦਰੀ ਰਾਖਵਾਂ ਪੁਲਿਸ ਬਲ, CRPF ਅੱਜ ਆਪਣਾ 86ਵਾਂ ਸਥਾਪਨਾ ਦਿਵਸ ਮਨਾ ਰਿਹਾ ਏ । ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਮੱਧ ਪ੍ਰਦੇਸ਼ ਦੇ ਨੀਮਚ ਵਿਖੇ CRPF ਸਥਾਪਨਾ ਦਿਵਸ ਪਰੇਡ ਦਾ ਨਿਰੀਖਣ ਕੀਤਾ। ਪਰੇਡ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ, ਸ਼੍ਰੀ ਸ਼ਾਹ ਨੇ CRPF ਦੇ ਸ਼ਹੀਦ ਨਾਇਕਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ। ਇਸ ਮੌਕੇ ਬੋਲਦਿਆਂ, ਉਨ੍ਹਾਂ ਕਿਹਾ ਕਿ, ਭਾਵੇਂ ਕਸ਼ਮੀਰ ਵਾਦੀ ਵਿੱਚ ਦਹਿਸ਼ਤਗਰਦਾਂ ਖਿਲਾਫ਼ ਲੜਾਈ ਹੋਵੇ ਜਾਂ ਉੱਤਰ-ਪੂਰਬ ਵਿੱਚ ਸ਼ਾਂਤੀ ਬਣਾਈ ਰੱਖਣ ਲਈ ਮੌਜੂਦ ਹੋਣਾ, ਅਤੇ ਸਭ ਤੋਂ ਅਹਿਮ, ਨਕਸਲੀਆਂ ਨੂੰ ਸਿਰਫ਼ ਚਾਰ ਜ਼ਿਲ੍ਹਿਆਂ ਵਿੱਚ ਸੀਮਤ ਕਰਨਾ - ਇਨ੍ਹਾਂ ਸਾਰੀਆਂ ਚੀਜ਼ਾਂ ਵਿੱਚ CRPF ਮੁਲਾਜ਼ਮਾਂ ਦਾ ਵੱਡਾ ਯੋਗਦਾਨ ਏ - **BYTE**

ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਡਾ. ਮੋਹਨ ਯਾਦਵ ਨੇ ਵੀ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ.

---------------------------------------------------------------

ਪੰਜਾਬ ਵਿੱਚ, ਕਣਕ ਦੀ ਫਸਲ ਦੀ ਖਰੀਦ ਸ਼ੁਰੂ ਹੋ ਗਈ ਏ । ਹੁਣ ਤੱਕ, ਰਾਜ ਦੀਆਂ ਵੱਖ-ਵੱਖ ਮੰਡੀਆਂ ਵਿੱਚ 4 ਲੱਖ ਮੀਟਰਿਕ ਟਨ ਤੋਂ ਵੱਧ ਕਣਕ ਆ ਚੁੱਕੀ ਏ ਜਿਸ ਵਿੱਚੋਂ 3.20 ਲੱਖ ਮੀਟਰਿਕ ਟਨ ਤੋਂ ਵੱਧ ਦੀ ਖਰੀਦ ਕੀਤੀ ਜਾ ਚੁੱਕੀ ਏ । ਕਿਉਂਕਿ ਰਾਜ ਇਸ ਰੁਤ ਵਿੱਚ 124 ਲੱਖ ਮੀਟਰਿਕ ਟਨ ਬੰਪਰ ਫਸਲ ਦੀ ਉਮੀਦ ਕਰ ਰਿਹਾ ਏ, ਇਸ ਲਈ ਸਰਕਾਰ ਨੇ ਸਾਰੇ ਸਬੰਧਤ ਅਧਿਕਾਰੀਆਂ ਨੂੰ ਮੰਡੀਆਂ ਵਿੱਚ ਪ੍ਰਖਤਾ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਨੇ. ਹਾਲਾਂਕਿ, ਪੰਜਾਬ ਦੇ ਕਈ ਹਿੱਸਿਆਂ ਵਿੱਚ ਬੀਤੀ ਰਾਤ ਤੇਜ਼ ਹਵਾਵਾਂ ਦੇ ਨਾਲ ਮੀਂਹ ਪੈਣ ਕਰਕੇ ਸਮੱਸਿਆ ਪੈਦਾ ਹੋ ਗਈ ਏ ਕਿਉਂਕਿ ਮੰਡੀਆਂ ਵਿੱਚ ਪਿਆ ਅਨਾਜ ਗਿੱਲਾ ਹੋ ਗਿਆ ਏ । ਇਸ ਦੌਰਾਨ, ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (PSPCL) ਨੇ ਵੀ ਪਹਿਲੀ ਜੂਨ ਤੋਂ ਸ਼ੁਰੂ ਹੋਣ ਵਾਲੀ, ਆਉਣ ਵਾਲੇ ਝੋਨੇ ਦੀ ਬਿਜਾਈ ਦੀ ਰੁਤ ਲਈ ਬਿਜਲੀ ਦੀ ਮੰਗ ਅਤੇ ਸਪਲਾਈ ਨੂੰ ਪੂਰਾ ਕਰਨ ਲਈ ਕਮਰ ਕੱਸ ਲਈ ਏ ।

-------------------------------------------------------------------

ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਗੈਰ ਸੰਗਠਿਤ ਮਜ਼ਦੂਰਾਂ ਨੂੰ ਈ-ਸ਼੍ਰਮ ਪੋਰਟਲ ’ਤੇ ਰਜਿਸਟਰ ਕਰਨ ਲਈ ਲਗਾਏ ਜਾ ਰਹੇ ਕੈਂਪਾਂ ਦੀ ਲੜੀ ਤਹਿਤ ਪਿੰਡ ਸ਼ਾਹਪੁਰ ਸੀਚੇਵਾਲ ਵਿਖੇ ਕੈਂਪ ਲਾਇਆ ਗਿਆ, ਜਿਸ ਵਿੱਚ ਰਾਜ ਸਭਾ ਮੈਂਬਰ ਅਤੇ ਉਘੇ ਚੁਗਿਰਦਾ ਪ੍ਰੇਮੀ ਸੰਤ ਬਲਬੀਰ ਸਿੰਘ

ਸੀਚੇਵਾਲ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ । ਉਨ੍ਹਾਂ ਵਲੋਂ ਮਜ਼ਦੂਰਾਂ ਨੂੰ ਈ-ਸ਼੍ਰਮ ਪੋਰਟਲ ’ਤੇ ਰਜਿਸਟ੍ਰੇਸ਼ਨ ਕਰਵਾਕੇ ਸਰਕਾਰੀ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ। ਡਿਪਟੀ ਕਮਿਸਨਰ ਡਾ.ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਗੈਰ ਸੰਗਠਿਤ ਮਜ਼ਦੂਰਾਂ ਨੂੰ ਈ-ਸ਼੍ਰਮ ਪੋਰਟਲ ’ਤੇ ਰਜਿਸਟਰਡ ਕਰਨ ਲਈ ਸਮੇਂ-ਸਮੇਂ ’ਤੇ ਵਿਸ਼ੇਸ਼ ਕੈਂਪ ਲਗਾਏ ਜਾਂਦੇ ਨੇ. ਉਨ੍ਹਾਂ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਵਿੱਚ ਈ-ਸ਼੍ਰਮ ਪੋਰਟਲ ’ਤੇ 3, ਲਖ 71 ਹਜ਼ਾਰ ਤੋਂ ਵਧ ਮਜ਼ਦੂਰਾਂ ਦੀ ਰਜਿਸਟ੍ਰੇਸ਼ਨ ਹੋ ਚੁੱਕੀ ਏ ਤੇ ਪਿਛਲੇ ਤਿੰਨ ਮਹੀਨਿਆਂ ਵਿੱਚ ਇਸ ਪੋਰਟਲ ’ਤੇ ਲਗਭਗ ਢਾਈ ਹਜ਼ਾਰ ਮਜ਼ਦੂਰਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ ਏ । ਡਾ. ਅਗਰਵਾਲ ਨੇ ਦੱਸਿਆ ਕਿ ਇਸੇ ਕੜੀ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵਲੋਂ 17 ਅਪ੍ਰੈਲ ਨੂੰ ਲੇਬਰ ਚੌਕ ਗੜ੍ਹਾ ਅਤੇ ਭਲਕੇ 18 ਅਪ੍ਰੈਲ 2025 ਨੂੰ ਦੋਆਬਾ ਚੌਕ, ਜਲੰਧਰ ਵਿਖੇ ਦੋ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਨੇ. ਉਨ੍ਹਾਂ ਅੱਗੇ ਦੱਸਿਆ ਕਿ ਈ-ਸ਼੍ਰਮ ਪੋਰਟਲ ’ਤੇ ਗੈਰ ਸੰਗਠਿਤ ਮਜ਼ਦੂਰ ਜਿਵੇਂ ਕਿ ਮਕਾਨ ਮਜ਼ਦੂਰ, ਪਰਦੇਸੀ ਮਜ਼ਦੂਰ, ਗਿਗ ਅਤੇ ਪਲੇਟਫਾਰਮ ਵਰਕਰ, ਸੜਕ ਵਿਕਰੇਤਾ, ਘਰੇਲੂ ਮਜ਼ਦੂਰ ਅਤੇ ਖੇਤੀਬਾੜੀ ਨਾਲ ਜੁੜੇ ਮਜ਼ਦੂਰ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਨੇ. ਈ-ਸ਼੍ਰਮ ਪੋਰਟਲ ’ਤੇ ਰਜਿਸਟ੍ਰੇਸ਼ਨ ਲਈ ਉਮੀਦਵਾਰ ਦੀ ਉਮਰ 18 ਤੋਂ 59 ਸਾਲ

ਦਰਮਿਆਨ ਹੋਣੀ ਚਾਹੀਦੀ ਏ ਅਤੇ ਈ.ਪੀ.ਐਫ.ਓ., ਈ.ਐਸ.ਆਈ.ਸੀ. ਜਾਂ ਐਨ.ਪੀ.ਐਸ. ਦਾ ਮੈਂਬਰ ਨਹੀਂ ਹੋਣਾ ਚਾਹੀਦਾ। ਇਸ ਪੋਰਟਲ ’ਤੇ ਰਜਿਸਟਰੇਸ਼ਨ ਲਈ ਉਮੀਦਵਾਰ ਕੋਲ ਆਧਾਰ ਕਾਰਡ, ਆਧਾਰ ਨਾਲ ਜੁੜਿਆ ਮੋਬਾਇਲ ਨੰਬਰ ਅਤੇ ਬਚਤ ਬੈਂਕ ਖਾਤੇ ਦੀ ਕਾਪੀ ਆਦਿ ਦਸਤਾਵੇਜ਼ ਹੋਣੇ ਜ਼ਰੂਰੀ ਨੇ.

---------------------------------------------------------------------

ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਬੀਤੇ ਕਲ੍ਹ, ਗੁਰਦਾਸਪੁਰ ਜ਼ਿਲ੍ਹੇ ਦੀ ਮਾਰਕੀਟ ਕਮੇਟੀ, ਕਾਹਨੂੰਵਾਨ ਵਿਖੇ ਤਾਇਨਾਤ ਮੰਡੀ ਸੁਪਰਵਾਈਜ਼ਰ ਰਸ਼ਪਾਲ ਸਿੰਘ ਨੂੰ 7,ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਏ । ਇਸ ਸੰਬੰਧੀ ਜਾਣਕਾਰੀ ਦਿੰਦਿਆਂ, ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਕਿਹਾ ਏ ਕਿ ਮੁਲਜ਼ਮ ਨੂੰ ਅਨਾਜ ਮੰਡੀ, ਕਾਹਨੂੰਵਾਨ ਦੇ ਇੱਕ ਆੜਤੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਏ । ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਸਦੀਕ ਤੋਂ ਬਾਅਦ ਅੰਮ੍ਰਿਤਸਰ ਰੇਂਜ ਦੀ ਵਿਜੀਲੈਂਸ ਬਿਊਰੋ ਦੀ ਇੱਕ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਰਸ਼ਪਾਲ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ

ਕਾਬੂ ਕਰ ਲਿਆ। ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਉਕਤ ਮੁਲਜ਼ਮ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਏ ਅਤੇ ਇਸ ਮੁਕੱਦਮੇ ਦੀ ਅਗਲੇਰੀ ਜਾਂਚ ਜਾਰੀ ਏ ।